ਗੂਜਰੀ ਮਹਲਾ ੫ ਘਰੁ ੪ ਦੁਪਦੇ ੴ ਸਤਿਗੁਰ ਪ੍ਰਸਾਦਿ ॥ ਆਰਾਧਿ ਸ੍ਰੀਧਰ ਸਫਲ ਮੂਰਤਿ ਕਰਣ ਕਾਰਣ ਜੋਗੁ ॥ ਗੁਣ ਰਮਣ ਸ੍ਰਵਣ ਅਪਾਰ ਮਹਿਮਾ ਫਿਰਿ ਨ ਹੋਤ ਬਿਓਗੁ ॥ ੧॥ ਮਨ ਚਰਣਾਰਬਿੰਦ ਉਪਾਸ ॥ ਕਲਿ ਕਲੇਸ ਮਿਟੰਤ ਸਿਮਰਣਿ ਕਾਟਿ ਜਮਦੂਤ ਫਾਸ ॥੧॥ ਰਹਾਉ ॥ ਸਤ੍ਰੁ ਦਹਨ ਹਰਿ ਨਾਮ ਕਹਨ ਅਵਰ ਕਛੁ ਨ ਉਪਾਉ ॥ ਕਰਿ ਅਨੁਗ੍ਰਹੁ ਪ੍ਰਭੂ ਮੇਰੇ ਨਾਨਕ ਨਾਮ ਸੁਆਉ ॥੨॥੧॥੩੧॥ {ਪੰਨਾ 502}

ਪਦਅਰਥ:- ਸ੍ਰੀਧਰ—ਲੱਛਮੀ ਦਾ ਸਹਾਰਾ, ਪਰਮਾਤਮਾ। ਸਫਲ ਮੂਰਤਿ—ਜਿਸ ਦੇ ਸਰੂਪ ਦਾ ਦਰਸਨ ਜੀਵਨ ਨੂੰ ਕਾਮਯਾਬ ਕਰਦਾ ਹੈ। ਕਰਣ—ਸ੍ਰਿਸ਼ਟੀ। ਕਾਰਣ—ਸਬੱਬ, ਮੂਲ। ਜੋਗੁ—ਸਮਰੱਥ। ਕਰਣ ਕਾਰਣ ਜੋਗੁ—ਜਗਤ ਦਾ ਸਮਰੱਥ ਮੂਲ। ਬਿਓਗੁ—ਵਿਛੋੜਾ।1।

ਮਨ—ਹੇ ਮਨ! ਚਰਣਾਰਬਿੰਦ—ਚਰਣ-ਅਰਬਿੰਦ {ਅਰਬਿੰਦ—ਕਮਲ}, ਚਰਣ ਕਮਲ। ਉਪਾਸ—ਉਪਾਸਨਾ ਕਰ। ਕਲਿ—ਝਗੜੇ। ਸਿਮਰਣਿ—ਸਿਮਰਨ ਨਾਲ। ਫਾਸ—ਫਾਹੀ।1। ਰਹਾਉ।

ਸਤ੍ਰੁ—ਵੈਰੀ। ਉਪਾਉ—ਇਲਾਜ। ਅਨੁਗ੍ਰਹੁ—ਦਇਆ। ਸੁਆਉ—ਸੁਆਰਥ, ਜੀਵਨ-ਮਨੋਰਥ।2।

ਅਰਥ:- ਹੇ ਮੇਰੇ ਮਨ! ਪਰਮਾਤਮਾ ਦੇ ਸੋਹਣੇ ਕੋਮਲ ਚਰਨਾਂ ਦੀ ਉਪਾਸਨਾ ਕਰਦਾ ਰਿਹਾ ਕਰ। (ਹਰਿ-ਨਾਮ-) ਸਿਮਰਨ ਦੀ ਬਰਕਤਿ ਨਾਲ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ (ਸਿਮਰਨ ਨਾਲ) ਤੂੰ ਜਮਦੂਤਾਂ ਦੀਆਂ ਮੋਹ ਦੀਆਂ ਉਹ ਫਾਹੀਆਂ ਕੱਟ ਲੈ (ਜੋ ਆਤਮਕ ਮੌਤ ਲਿਆਉਂਦੀਆਂ ਹਨ)।1। ਰਹਾਉ।

ਹੇ ਮਨ! ਉਸ ਲੱਛਮੀ-ਪਤੀ ਪ੍ਰਭੂ ਦੀ ਆਰਾਧਨਾ ਕਰਿਆ ਕਰ, ਜਿਸ ਦੇ ਸਰੂਪ ਦਾ ਦਰਸਨ ਜੀਵਨ ਨੂੰ ਕਾਮਯਾਬ ਕਰ ਦੇਂਦਾ ਹੈ, ਤੇ, ਜੋ ਜਗਤ ਦਾ ਸਮਰੱਥ ਮੂਲ ਹੈ। ਉਸ ਬੇਅੰਤ ਪਰਮਾਤਮਾ ਦੀ ਵਡਿਆਈ ਤੇ ਗੁਣ ਗਾਵਿਆਂ ਤੇ ਸੁਣਿਆਂ ਮੁੜ ਕਦੇ ਉਸ ਦੇ ਚਰਨਾਂ ਨਾਲੋਂ ਵਿਛੋੜਾ ਨਹੀਂ ਹੁੰਦਾ।1।

ਹੇ ਮਨ! ਪਰਮਾਤਮਾ ਦਾ ਨਾਮ ਸਿਮਰਨਾ ਹੀ ਕਾਮਾਦਿਕ ਵੈਰੀਆਂ ਨੂੰ ਸਾੜਨ ਲਈ ਵਸੀਲਾ ਹੈ, (ਇਸ ਤੋਂ ਬਿਨਾ ਇਹਨਾਂ ਤੋਂ ਬਚਣ ਲਈ) ਹੋਰ ਕੋਈ ਤਰੀਕਾ ਨਹੀਂ ਹੈ।

ਹੇ ਨਾਨਕ! (ਆਖ—) ਹੇ ਮੇਰੇ ਪ੍ਰਭੂ! ਮੇਹਰ ਕਰ, ਤੇਰਾ ਨਾਮ ਸਿਮਰਨਾ ਹੀ ਮੇਰੇ ਜੀਵਨ ਦਾ ਮਨੋਰਥ ਬਣਿਆ ਰਹੇ।2। 31।